# ਪੰਜਾਬੀ ਭਾਸ਼ਾ ਪਸਾਰ ਭਾਈਚਾਰਾ

## (Punjabi Bhasha Pasaar Bhaichara)

ਸੰਦਰਭ.. ਮੀਮੋ ਨੰ:ਪ.ਭ.ਪ.ਭ./32 ਮਿਤੀ... 12.11.2018

ਸੇਵਾ ਵਿਖੇ

ਮਾਣਯੋਗ ਮੁੱਖ ਮੰਤਰੀ,

ਪੰਜਾਬ। cmo@punjab.gov.in

ਵਿਸ਼ਾ: ਪੰਜਾਬ ਸਰਕਾਰ ਅਧੀਨ ਕੰਮ ਕਰਦੇ ਜ਼ਿਲ੍ਹਾ ਭਾਸ਼ਾ ਅਫ਼ਸਰਾਂ ਨੂੰ ਤੁਰੰਤ ਈ-ਮੇਲ ਪਤੇ ਉਪਲਬਧ ਕਰਾਉਣ ਲਈ ਬੇਨਤੀ।

ਸ੍ਰੀ ਮਾਨ ਜੀ,

ਬੜੀ ਹੀ ਨਿਮਰਤਾ ਸਹਿਤ ਆਪ ਜੀ ਦੇ ਧਿਆਨ ਵਿਚ ਕੁਝ ਮਹੱਤਵਪੂਰਨ ਤੱਥ ਲਿਆ ਕੇ ਹੇਠ ਲਿਖੇ ਅਨੁਸਾਰ ਬੇਨਤੀ ਕੀਤੀ ਜਾਂਦੀ ਹੈ:

1. ਪੰਜਾਬ ਰਾਜ ਭਾਸ਼ਾ ਐਕਟ 1967 ਦੀ ਧਾਰਾ 8-ਏ, ਪੰਜਾਬ ਸਰਕਾਰ ਅਧੀਨ ਕੰਮ ਕਰਦੇ ਜ਼ਿਲ੍ਹਾ ਭਾਸ਼ਾ ਅਫ਼ਸਰਾਂ ਨੂੰ, ਪੰਜਾਬ ਸਰਕਾਰ ਦੇ ਪ੍ਰਸ਼ਾਸਨਿਕ ਦਫ਼ਤਰਾਂ ਵਿਚ ਹੁੰਦੇ ਕੰਮ-ਕਾਜ ਦੀ ਪੜਤਾਲ ਕਰਨ ਦਾ ਅਧਿਕਾਰ ਦਿੰਦੀ ਹੈ। 05 ਸਤੰਬਰ 2018 ਨੂੰ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਗਏ ਹੁਕਮ ਰਾਹੀਂ ਪੰਜਾਬ ਸਰਕਾਰ ਨੇ ਆਪਣੇ ਪ੍ਰਸ਼ਾਸਨਿਕ ਦਫ਼ਤਰਾਂ ਦੇ ਮੁੱਖ ਅਧਿਕਾਰੀਆਂ ਨੂੰ ਹਦਾਇਤ ਕੀਤੀ ਹੈ ਕਿ ਅੱਗੋਂ ਤੋਂ ਪ੍ਰਸ਼ਾਸਨਿਕ ਦਫ਼ਤਰਾਂ ਵਿਚ ਹੁੰਦਾ ਸਾਰਾ ਕੰਮ-ਕਾਜ ਪੰਜਾਬੀ ਭਾਸ਼ਾ ਵਿਚ ਹੀ ਕੀਤਾ ਜਾਵੇ। ਨਾਲ ਇਹ ਵੀ ਹਦਾਇਤ ਵੀ ਕੀਤੀ ਹੈ ਕਿ ਪੰਜਾਬ ਸਰਕਾਰ ਦੀਆਂ ਵੈਬਸਾਈਟਾਂ ਉੱਪਰ ਜੋ ਸੂਚਨਾ ਉਪਲੱਬਧ ਕਰਾਈ ਗਈ ਹੈ ਉਹ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਭਾਸ਼ਾ ਵਿਚ ਵੀ ਉਪਲਬਧ ਕਰਾਈ ਜਾਵੇ।

2. ਪੰਜਾਬੀ ਭਾਸ਼ਾ ਪਸਾਰ ਭਾਈਚਾਰਾ ਅਤੇ ਪੰਜਾਬੀ ਭਾਸ਼ਾ ਦੀ ਪ੍ਰਫੁੱਲਤਾ ਲਈ ਸਰਗਰਮ ਹੋਰ ਸੰਸਥਾਵਾਂ, ਪੰਜਾਬ ਸਰਕਾਰ ਦੇ ਇਸ ਹੁਕਮ ਦੀ ਭਰਪੂਰ ਸ਼ਲਾਘਾ ਕਰਦੀਆਂ ਹਨ।

3. ਕਾਨੂੰਨ ਦੀਆਂ ਇਨ੍ਹਾਂ ਵਿਵਸਥਾਵਾਂ ਅਤੇ ਸਰਕਾਰ ਦੀਆਂ ਉਕਤ ਹਦਾਇਤਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ ਲਈ ਪੰਜਾਬੀ ਭਾਸ਼ਾ ਪਸਾਰ ਭਾਈਚਾਰੇ ਨੇ ਜ਼ਿਲ੍ਹਾ ਅਤੇ ਤਹਿਸੀਲ ਪੱਧਰ ਤੇ 'ਸਹਿਯੋਗੀ ਇਕਾਈਆਂ ਦੀ ਸਥਾਪਨਾ ਕੀਤੀ ਹੈ'। ਇਹ ਇਕਾਈਆਂ ਲਗਾਤਾਰ ਜ਼ਿਲ੍ਹਾ ਭਾਸ਼ਾ ਅਫ਼ਸਰਾਂ ਦੇ ਸੰਪਰਕ ਵਿਚ ਰਹਿਣਗੀਆਂ ਅਤੇ ਜਿਨ੍ਹਾਂ ਪ੍ਰਸ਼ਾਸਨਿਕ ਦਫ਼ਤਰਾਂ ਵਿਚ ਪੰਜਾਬ ਸਰਕਾਰ ਦੀਆਂ ਇਨ੍ਹਾਂ ਹਦਾਇਤਾਂ ਦੀ ਪਾਲਣਾ ਨਹੀਂ ਹੁੰਦੀ ਉਨ੍ਹਾਂ ਬਾਰੇ ਭਾਸ਼ਾ ਅਫ਼ਸਰ ਨੂੰ ਜਾਣੂ ਕਰਵਾਉਂਦੀਆਂ ਰਹਿਣਗੀਆਂ।

4. ਪੰਜਾਬੀ ਭਾਸ਼ਾ ਪਸਾਰ ਭਾਈਚਾਰੇ ਨੂੰ ਇਹ ਜਾਣ ਕੇ ਹੈਰਾਨੀ ਹੋਈ ਹੈ ਕਿ ਹਾਲੇ ਤੱਕ ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਭਾਸ਼ਾ ਅਫ਼ਸਰਾਂ ਨੂੰ ਈ-ਮੇਲ ਪਤੇ ਉਪਲਬਧ ਨਹੀਂ ਕਰਵਾਏ ਗਏ। ਪੰਜਾਬੀ ਭਾਸ਼ਾ ਪਸਾਰ ਭਾਈਚਾਰੇ ਦੀਆਂ ਸਹਾਇਕ ਇਕਾਈਆਂ ਈ-ਮੇਲ ਰਾਹੀਂ, ਜ਼ਿਲ੍ਹਾ ਭਾਸ਼ਾ ਅਫ਼ਸਰਾਂ ਨਾਲ ਸੰਪਰਕ ਸਥਾਪਤ ਨਹੀਂ ਕਰ ਸਕਦੀਆਂ। ਨਤੀਜਨ ਸਹਾਇਕ ਇਕਾਈਆਂ ਪੰਜਾਬ ਸਰਕਾਰ ਦੀਆਂ ਉਕਤ ਹਦਾਇਤਾਂ ਦੀ ਪਾਲਣਾ ਵਿਚ ਆਪਣਾ ਯੋਗਦਾਨ ਪਾਉਣ ਵਿਚ ਅਸਮਰੱਥ ਹਨ।

ਸੰਪਰਕ/Contact : punjabibpbhaichara@gmail.com

ਸੰਦਰਭ..　　　　　　　　　　　　　　　　　　　　　　　　　　ਮਿਤੀ...

ਇਸ ਲਈ ਭਾਈਚਾਰੇ ਵੱਲੋਂ ਆਪ ਜੀ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਆਪ ਜੀ ਇਸ ਗੰਭੀਰ ਮਾਮਲੇ ਵੱਲ ਖੁਦ ਧਿਆਨ ਦੇਵੋ ਅਤੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕਰੋ ਕਿ ਉਹ ਜ਼ਿਲ੍ਹਾ ਭਾਸ਼ਾ ਅਫ਼ਸਰਾਂ ਨੂੰ ਤੁਰੰਤ ਈ-ਮੇਲ ਪਤੇ ਉਪਲਬਧ ਕਰਾਉਣ। ਇਨ੍ਹਾਂ ਈ-ਮੇਲ ਪਤਿਆਂ ਨੂੰ ਸਰਵਜਨਕ ਵੀ ਕੀਤਾ ਜਾਵੇ ਤਾਂ ਜੋ ਭਾਸ਼ਾ ਵਿਭਾਗ ਆਪਣੀਆਂ ਕਾਨੂੰਨੀ ਜ਼ਿੰਮੇਵਾਰੀਆਂ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਅ ਸਕੇ।

ਉਸਾਰੂ ਹੁੰਘਾਰੇ ਦੀ ਉਡੀਕ ਵਿਚ।

ਪੰਜਾਬੀ ਭਾਸ਼ਾ ਦਾ ਹਿਤੂ

ਮਿੱਤਰ ਸੈਨ ਮੀਤ

ਐਡਵੋਕੇਟ ਮਿੱਤਰ ਸੈਨ ਮੀਤ
ਸਹਾਇਕ ਸੰਚਾਲਕ(ਕਾਨੂੰਨ)

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ/ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:

1. ਸ੍ਰੀਮਤੀ ਰਜ਼ੀਆ ਸੁਲਤਾਨਾ, ਮੰਤਰੀ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ।
2. ਸ੍ਰੀ ਐਸ.ਕੇ. ਸੰਧੂ, ਵਧੀਕ ਮੁੱਖ ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ।
   sk.sandhu87@ias.gov.in , pshe@punjab.gov.in;
3. ਸ੍ਰੀ ਵੀ.ਕੇ. ਮੀਨਾ, ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ।
   vk.meena97@ias.gov.in
4. ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ, dir.lang@punjab.gov.in ਪਟਿਆਲਾ।